## ਪੰਜਾਬ ਸਰਕਾਰ

## ਸਿੱਖਿਆ ਵਿਭਾਗ

ਵੱਲ

1. ਸਮੂਹ ਜਿਲ੍ਹਾ ਸਿੱਖਿਆ ਅਫਸਰ (ਸੈ.ਸਿ), ਪੰਜਾਬ।
2. ਸਮੂਹ ਜਿਲ੍ਹਾ ਸਿੱਖਿਆ ਅਫਸਰ (ਐ.ਸਿ), ਪੰਜਾਬ।
3. ਸਮੂਹ ਸਕੂਲ ਮੁੱਖੀ।
4. ਸਮੂਹ ਬਲਾਕ ਪ੍ਰਾਇਮਰੀ ਸਿੱਖਿਆ ਅਫਸਰ।

ਮੀਮੋ ਨੰ: DPISE-SEDUOGEN/4/2021-SE-DPISE/202162946-49

ਮਿਤੀ: 18/2/2021

**ਵਿਸ਼ਾ:-ਵਿਭਾਗ ਦੇ ਹੁਕਮ ਮਿਤੀ 15.10.2020 ਪਿੱਠ ਅੰਕਣ ਨੰ: Service (3)(6)/2020256901 ਮਿਤੀ 15.10.2020**

1.0 ਸਿੱਖਿਆ ਵਿਭਾਗ ਵਲੋਂ ਸਕੂਲ ਖੋਲ੍ਹਣ ਲਈ ਹਵਾਲਾ ਅਧੀਨ ਹੁਕਮਾਂ ਰਾਹੀਂ ਸਕੂਲ ਖੋਲ੍ਹਣ ਲਈ ਹੁਕਮ ਜਾਰੀ ਕੀਤੇ ਗਏ ਸਨ ਅਤੇ ਇਸ ਨਾਲ SOP Guidelines ਜਾਰੀ ਕੀਤੀਆਂ ਗਈਆਂ ਸਨ।

2.0 ਜਿਲ੍ਹਾ ਸਿੱਖਿਆ ਅਫਸਰ (ਸੈ.ਸਿ/ਐ.ਸਿ) ਵਲੋਂ ਵਿਭਾਗ ਦੀ ਹਫਤਾਵਰ ਰੀਵਿਊ ਮੀਟਿੰਗ ਦੌਰਾਨ ਧਿਆਨ ਵਿੱਚ ਲਿਆਂਦਾ ਹੈ ਕਿ ਪਿਛਲੇ ਸਮੇਂ ਦੌਰਾਨ ਵੱਖ ਵੱਖ ਜਿਲ੍ਹਿਆਂ ਵਿੱਚ ਸਕੂਲਾਂ ਦੀ ਵਿਜਿਟ ਦੌਰਾਨ ਪਾਇਆ ਕਿ ਕੁਝ ਵਿਦਿਆਰਥੀਆਂ ਅਤੇ ਅਧਿਆਪਕਾਂ ਵਲੋਂ SOP Guidelines ਦੀ ਪਾਲਣਾ ਨਹੀਂ ਕੀਤੀ ਜਾ ਰਹੀ ਅਤੇ ਅਣਗਹਿਲੀ ਵਰਤੀ ਜਾ ਰਹੀ ਹੈ। ਜਿਵੇਂ ਕਿ ਵਿਦਿਆਰਥੀਆਂ ਅਤੇ ਅਧਿਆਪਕਾਂ ਵਲੋਂ Mask ਦੀ ਵਰਤੋਂ ਨਹੀਂ ਕੀਤੀ ਜਾ ਰਹੀ। ਕਈ ਵਿਦਿਆਰਥੀਆਂ ਅਤੇ ਅਧਿਆਪਕਾਂ ਵਲੋਂ Mask ਨੂੰ ਕੇਵਲ ਗਲੇ ਵਿੱਚ ਲਟਕਾਇਆ ਹੁੰਦਾ ਹੈ।

3.0 ਆਪ ਨੂੰ ਲਿਖਿਆ ਜਾਂਦਾ ਹੈ ਕਿ:

(i) COVID-19 ਦੀ ਸਥਿਤੀ ਨੂੰ ਧਿਆਨ ਵਿੱਚ ਰੱਖਦੇ ਹੋਏ ਵਿਭਾਗ ਵਲੋਂ ਜਾਰੀ SOP Guidelines ਦੀ ਪਾਲਣਾ ਸਕੂਲਾਂ ਵਿੱਚ ਯਕੀਨੀ ਬਣਾਈ ਜਾਵੇ।

(ii) ਹਰ ਸਕੂਲ ਵਿੱਚ ਇਹਨਾਂ Guidelines ਦੀ ਪਾਲਣਾ ਯਕੀਨੀ ਬਣਾਉਣ ਲਈ ਇੱਕ ਅਧਿਆਪਕ ਨੂੰ ਬਤੌਰ ਨੋਡਲ ਅਫਸਰ ਨਾਮਜਦ ਕੀਤਾ ਜਾਵੇ ਅਤੇ ਹਰ ਕਲਾਸ ਵਿੱਚ ਇੱਕ ਵਿਦਿਆਰਥੀ ਨੂੰ ਇਸ ਮੰਤਵ ਲਈ Monitor ਬਣਾਇਆ ਜਾਵੇ।

(iii) ਸਕੂਲ ਮੁੱਖੀ ਅਤੇ ਸਮੂਹ ਅਧਿਆਪਕ ਖੁਦ ਵੀ Mask ਦੀ ਵਰਤੋਂ ਸਹੀ ਢੰਗ ਨਾਲ ਕਰਨ ਅਤੇ ਵਿਦਿਆਰਥੀਆਂ ਨੂੰ Mask ਦੀ ਵਰਤੋਂ ਲਈ ਪ੍ਰੇਰਿਤ ਕਰਨ।

4.0 ਇਹ ਹਦਾਇਤਾਂ ਪੰਜਾਬ ਰਾਜ ਦੇ ਸਮੂਹ ਸਰਕਾਰੀ, ਏਡਿਡ ਅਤੇ ਪ੍ਰਾਈਵੇਟ ਸਕੂਲਾਂ ਤੇ ਲਾਗੂ ਹੋਣਗੀਆਂ।

5.0 ਸਮੂਹ ਜਿਲ੍ਹਾ ਸਿੱਖਿਆ ਅਫਸਰ (ਸੈ.ਸਿ/ਐ.ਸਿ) ਏਡਿਡ ਅਤੇ ਪ੍ਰਾਈਵੇਟ ਸਕੂਲਾਂ ਦਾ ਵੀ ਨਿਰੀਖਣ ਕਰਨਗੇ ਅਤੇ ਸੁਨਿਸਚਿਤ ਕਰਨਗੇ ਕਿ ਸਕੂਲਾਂ ਵਿੱਚ ਵਿਭਾਗ ਵਲੋਂ ਜਾਰੀ SOP Guidelines ਦੀ ਪਾਲਣਾ ਹੋਵੇ।

ਸਕੱਤਰ, ਸਕੂਲ ਸਿੱਖਿਆ

ਪਿੱਠ ਅੰਕਣ ਨੰ: ਉਕਤ/2021629 50-52 ਮਿਤੀ: 18/2/2021

ਉਪਰੋਕਤ ਦਾ ਉਤਾਰਾ ਹੇਠ ਲਿਖਿਆਂ ਨੂੰ ਸੂਚਨਾਂ ਹਿੱਤ ਭੇਜਿਆ ਜਾਂਦਾ ਹੈ:-

1. ਡਾਇਰੈਕਟਰ ਜਨਰਲ ਸਕੂਲ ਸਿੱਖਿਆ, ਪੰਜਾਬ।
2. ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ), ਪੰਜਾਬ।
3. ਡਾਇਰੈਕਟਰ ਸਿੱਖਿਆ ਵਿਭਾਗ (ਐ.ਸਿ), ਪੰਜਾਬ।

ਸਕੱਤਰ, ਸਕੂਲ ਸਿੱਖਿਆ